# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 10-11-2025**

ਤਰਨਤਾਰਨ ਵਿਧਾਨ ਸਭਾ ਜ਼ਿਮਨੀ ਚੋਣ ਲਈ ਪ੍ਰਚਾਰ ਕੱਲ੍ਹ ਸ਼ਾਮ ਖਤਮ ਹੋ ਗਿਆ ਏ । ਸਰਹੱਦੀ ਜ਼ਿਲ੍ਹੇ ਵਿੱਚ ਭਲਕੇ ਵੋਟਾਂ ਪੈਣਗੀਆਂ । ਵੋਟਿੰਗ ਸਵੇਰੇ 7.00 ਵਜੇ ਤੋਂ ਸ਼ਾਮ 6.00 ਵਜੇ ਤੱਕ ਹੋਵੇਗੀ। ਆਮ ਆਦਮੀ ਪਾਰਟੀ, ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਸਾਰੀਆਂ ਮੁੱਖ ਸਿਆਸੀ ਪਾਰਟੀਆਂ ਅਤੇ ਹੋਰਨਾਂ ਨੇ ਆਪਣੇ ਸੀਨੀਅਰ ਆਗੂਆਂ ਨਾਲ ਜ਼ਿਲ੍ਹੇ ਵਿੱਚ ਆਪਣੇ ਉਮੀਦਵਾਰਾਂ ਲਈ ਪ੍ਰਚਾਰ ਕੀਤਾ ਏ।

ਜ਼ਿਲ੍ਹੇ ਵਿੱਚ 1 ਲੱਖ 92 ਹਜ਼ਾਰ ਤੋਂ ਵੱਧ ਵੋਟਰ ਨੇ ਜਿਨ੍ਹਾਂ ਵਿੱਚੋਂ 91 ਹਜ਼ਾਰ 897 ਮਹਿਲਾ ਅਤੇ 8 ਥਰਡ ਜੈਂਡਰ ਵੋਟਰ ਨੇ। ਇਕ ਹਜ਼ਾਰ 357 ਸਰਵਿਸ ਵੋਟਰ ਨੇ। ਜ਼ਿਲ੍ਹਾ ਚੋਣ ਅਧਿਕਾਰੀ ਵੱਲੋਂ ਕੁੱਲ 222 ਪੋਲਿੰਗ ਬੂਥ ਸਥਾਪਤ ਕੀਤੇ ਗਏ ਨੇ, ਜਿਨ੍ਹਾਂ ਵਿੱਚੋਂ 62 ਸ਼ਹਿਰੀ ਅਤੇ 162 ਪੇਂਡੂ ਖੇਤਰਾਂ ਵਿੱਚ ਨੇ। ਇਨ੍ਹਾਂ ਵਿੱਚੋਂ 100 ਦੀ ਪਛਾਣ ਸੰਵੇਦਨਸ਼ੀਲ ਬੂਥਾਂ ਵਜੋਂ ਕੀਤੀ ਗਈ ਏ। । 9 ਮਾਡਲ ਪੋਲਿੰਗ ਸਟੇਸ਼ਨ ਨੇ, 3 ਬੂਥਾਂ ਨੂੰ ਔਰਤਾਂ ਦੁਆਰਾ ਚਲਾਇਆ ਜਾਵੇਗਾ, 1 ਅਪਾਹਜ

ਵਿਅਕਤੀਆਂ ਲਈ ਅਤੇ 1 ਬੂਥ ਨੌਜਵਾਨ ਵੋਟਰਾਂ ਲਈ ਸਥਾਪਤ ਕੀਤਾ ਗਿਆ ਏ। ਬੂਥਾਂ ਤੇ ਸਾਰੀਆਂ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਨੇ।

ਚੋਣਾਂ ਲਈ ਸੁਰੱਖਿਆ ਦੇ ਵੀ ਢੁੱਕਵੇਂ ਪ੍ਰਬੰਧ ਕੀਤੇ ਗਏ ਨੇ। ਵਿਧਾਨ ਸਭਾ ਹਲਕੇ ਵਿੱਚ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (CAPF) ਦੀਆਂ 12 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਨੇ, ਜੋ ਕਿ ਕਿਸੇ ਵੀ ਜ਼ਿਮਨੀ ਚੋਣ ਵਿੱਚ ਭਾਰਤੀ ਚੋਣ ਕਮਿਸ਼ਨਰ ਵੱਲੋਂ ਹੁਣ ਤੱਕ ਦੀ ਸਭ ਤੋਂ ਵੱਡੀ ਤਾਇਨਾਤੀ ਵਿੱਚੋਂ ਇੱਕ ਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਕਿਹਾ ਏ ਕਿ ਕਾਨੂੰਨ ਵਿਵਸਥਾ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਨੇ ਹਲਕੇ ਦੇ ਸਾਰੇ ਵੋਟਰਾਂ ਨੂੰ ਅੱਗੇ ਆਉਣ ਅਤੇ ਕੱਲ੍ਹ ਨੂੰ ਆਪਣੀ ਵੋਟ ਦੀ ਆਜ਼ਾਦੀ ਅਤੇ ਨਿਡਰਤਾ ਨਾਲ ਵਰਤੋਂ ਕਰਨ ਦੀ ਅਪੀਲ ਕੀਤੀ ਏ।

---------------------------------------------------------------------------

ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਏ ਕਿ ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਅਗਲੇ ਗੇੜ ਦੇ ਲਾਈਟ ਐਂਡ ਸਾਊਂਡ ਸ਼ੋਅ 11 ਨਵੰਬਰ ਨੂੰ ਅੰਮ੍ਰਿਤਸਰ, ਫਿਰੋਜ਼ਪੁਰ,

ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਕਰਵਾਏ ਜਾਣਗੇ। ਇਸ ਤੋਂ ਬਾਅਦ 14, 17 ਅਤੇ 20 ਨਵੰਬਰ ਨੂੰ ਵੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਹੋਣਗੇ। ਉਨ੍ਹਾਂ ਦੱਸਿਆ ਕਿ 11 ਨਵੰਬਰ ਨੂੰ ਅੰਮ੍ਰਿਤਸਰ ਦੇ ਮੇਲਾ ਗਰਾਊਂਡ ਰਣਜੀਤ ਐਵੇਨਿਊ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾਵੇਗਾ, ਜਿਸ ਵਿੱਚ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਹਾਜ਼ਰੀ ਭਰੀ ਜਾਵੇਗੀ। ਇਸ ਤੋਂ ਇਲਾਵਾ ਫ਼ਿਰੋਜ਼ਪੁਰ ਦੇ  ਕੈਨਟੋਨਮੈਂਟ ਸਟੇਡੀਅਮ ਵਿਖੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਸ਼ਮੂਲੀਅਤ ਕਰਨਗੇ। ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਰਸ ਮੇਲਾ ਗਰਾਊਂਡ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਹਾਜ਼ਰੀ ਭਰਨਗੇ। ਸੰਗਰੂਰ ਦੇ ਰਣਬੀਰ ਕਾਲਜ ਵਿਖੇ ਖਜ਼ਾਨਾ ਮੰਤਰੀ ਡਵੋਕੇਟ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ, ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਸ਼ਾਮਿਲ ਹੋਣਗੇ।

---------------------------------------------------------------------

ਸਰਹੱਦ ਪਾਰੋਂ ਹੁੰਦੀ ਤਸਕਰੀ ਵਿਰੁੱਧ ਮੁਹਿੰਮ ਨੂੰ ਜਾਰੀ ਰੱਖਦਿਆਂ ਸੀਮਾ ਸੁਰੱਖਿਆ ਬਲ ਦੇ ਚੌਕਸ ਜਵਾਨਾਂ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਸਰਹੱਦ 'ਤੇ ਇੱਕ ਤਸਕਰ ਨੂੰ ਗ੍ਰਿਫ਼ਤਾਰ ਕਰ ਕੇ ਹਥਿਆਰ, ਅਫੀਮ ਅਤੇ ਹੈਰੋਇਨ ਜ਼ਬਤ ਕੀਤੀ ਏ। ਇਕ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਬੀ.ਐਸ.ਐਫ. ਨੇ ਸੀ.ਆਈ.ਏ. ਫਾਜ਼ਿਲਕਾ ਨਾਲ ਇੱਕ ਬੀਤੀ ਰਾਤ ਫਾਜ਼ਿਲਕਾ ਦੇ ਪਿੰਡ ਟਾਹਲੀਵਾਲਾ ਨੇੜੇ ਇਕ ਸਾਂਝੇ ਆਪ੍ਰੇਸ਼ਨ ਦੌਰਾਨ ਇਕ ਤਸਕਰ ਨੂੰ ਕਾਬੂ ਕੀਤਾ ਏ। ਤਸਕਰ ਦੇ ਕਬਜ਼ੇ ਵਿੱਚੋਂ ਇਕ ਕਿਲੋ ਅਫੀਮ, 300 ਗ੍ਰਾਮ ਹੈਰੋਇਨ ਅਤੇ 02 ਮੈਗਜ਼ੀਨ ਬਰਾਮਦ ਕੀਤੇ ਗਏ ਨੇ। ਇੱਕ ਹੋਰ ਕਾਰਵਾਈ ਵਿਚ ਬੀ.ਐਸ.ਐਫ. ਦੇ ਜਵਾਨਾਂ ਨੇ ਅੰਮ੍ਰਿਤਸਰ ਦੇ ਪਿੰਡ ਕਲਸੀਆਂ ਨੇੜੇ ਤਲਾਸ਼ੀ ਮੁਹਿੰਮ ਦੌਰਾਨ ਇੱਕ ਖੇਤ ਵਿਚੋ ਇਕ ਪਿਸਤੌਲ ਅਤੇ ਇਕ ਖਾਲੀ ਮੈਗਜ਼ੀਨ ਬਰਾਮਦ ਕੀਤਾ ਏ।

ਇੱਕ ਵੱਖਰੇ ਸਰਚ ਆਪ੍ਰੇਸ਼ਨ ਵਿੱਚ, ਬੀਐਸਐਫ ਨੇ ਅੰਮ੍ਰਿਤਸਰ ਦੇ ਪਿੰਡ ਰਣੀਆਂ ਨੇੜੇ ਇੱਕ ਖੇਤ ਵਿੱਚੋਂ 569 ਗ੍ਰਾਮ ਹੈਰੋਇਨ ਅਤੇ 02 ਮੋਬਾਈਲ ਫੋਨ ਬਰਾਮਦ ਕੀਤੇ ਨੇ।

-----------------------------------------------------------------------------

ਵਣਜ ਅਤੇ ਸਨਅਤ ਬਾਰੇ PHD ਚੈਂਬਰ ਵੱਲੋਂ ਅੰਮ੍ਰਿਤਸਰ ਵਿੱਚ 19ਵੇਂ ਪੰਜਾਬ ਅੰਤਰਾਸ਼ਟਰੀ ਟ੍ਰੇਡ ਐਕਸਪੋ ਦਾ ਆਯੋਜਨ 4 ਦਸੰਬਰ ਤੋਂ 8

ਦਸੰਬਰ ਤੱਕ ਕੀਤਾ ਜਾਵੇਗਾ। ਪਾਈਟੈਕਸ ਮੇਲਾ ਅੰਮ੍ਰਿਤਸਰ ਦੇ ਸਿਸ ਹਿ ਰਣਜੀਤ Avenue ਗਰਾਊਂਡ ਵਿਖੇ ਲੱਗੇਗਾ ਜਿਸ ਵਿਚ 550 ਤੋਂ ਵੱਧ ਸਟਾਲ ਲਾਏ ਜਾਣਗੇ। ਇਸ ਮੇਲੇ ਦੇ ਵਿੱਚ ਦੇਸ਼ ਵਿਦੇਸ਼ ਤੋਂ ਕੰਪਨੀਆਂ ਹਿੱਸਾ ਲੈਣਗੀਆਂ। ਇਸ ਮੇਲੇ ਨੂੰ ਕਰਾਉਣ ਦਾ ਮੁੱਖ ਮਕਸਦ ਪੰਜਾਬ ਦੇ ਇਤਿਹਾਸ ਅਤੇ ਵਿਰਾਸਤ ਨੂੰ ਵੱਧ ਤੋਂ ਵੱਧ ਪ੍ਰਫੁਲਿਤ ਕਰਨਾ ਏ।

--------------------------------------------------------------------------------

ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਜੀ ਦੇ ਚਰਨ-ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸਾਹਿਬਾਨ ਵਿੱਚ ਚੱਲ ਰਹੇ ਕੀਰਤਨ ਦਰਬਾਰਾਂ ਅਤੇ ਧਾਰਮਿਕ ਸਮਾਗਮਾਂ ਵਿੱਚ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰੀ ਭਰ ਰਹੀਆਂ ਨੇ। 1 ਨਵੰਬਰ ਤੋਂ ਸ਼ੁਰੂ ਹੋ ਕੇ 25 ਨਵੰਬਰ ਤੱਕ ਲਗਭਗ ਮਹੀਨਾ ਭਰ ਚੱਲਣ ਵਾਲੇ ਇਨ੍ਹਾਂ ਧਾਰਮਿਕ ਸਮਾਗਮਾਂ ਦਾ ਉਦੇਸ਼ ਗੁਰੂ ਸਾਹਿਬ ਦੇ ਸਵੈ-ਬਲੀਦਾਨ, ਅਮਨ-ਸ਼ਾਂਤੀ ਅਤੇ ਸਰਬਸਾਂਝੀਵਾਲਤਾ ਦੇ ਸੰਦੇਸ਼ ਦਾ ਵੱਧ ਤੋਂ ਵੱਧ ਪਸਾਰ ਕਰਨਾ ਏ। ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਇਨ੍ਹਾਂ ਯਾਦਗਾਰੀ ਸਮਾਗਮਾਂ ਦੀ

ਲੜੀ ਮੱਧ-ਪੜਾਅ ਵਿੱਚ ਦਾਖ਼ਲ ਹੋ ਗਈ ਏ । ਉਨ੍ਹਾਂ ਦੱਸਿਆ ਕਿ 11 ਨਵੰਬਰ ਨੂੰ ਗੁਰਦੁਆਰਾ ਸ੍ਰੀ ਨੌਵੀਂ ਪਾਤਸ਼ਾਹੀ, ਕਲੌੜ, ਫ਼ਤਹਿਗੜ੍ਹ ਸਾਹਿਬ ਅਤੇ ਗੁਰਦੁਆਰਾ ਸਾਹਿਬ ਹਰਪਾਲਪੁਰ ਅਤੇ ਗੁਰਦੁਆਰਾ ਸਾਹਿਬ ਅਗੌਲ ਜ਼ਿਲ੍ਹਾ ਪਟਿਆਲਾ ਵਿਖੇ ਧਾਰਮਿਕ ਸਮਾਗਮ ਹੋਣਗੇ।

---------------------------------------------------------------------------------

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਕਮ ਜ਼ਿਲਾ ਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਅਤੇ ਸੀ.ਜੇ.ਐਮ. ਰੁਪਿੰਦਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰ ਕੇ ਐਡਵੋਕੇਟਸ ਅਤੇ ਪੀ.ਐਲ.ਵੀਜ਼ ਵੱਲੋਂ ਲੋਕਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਦੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਐਡਵੋਕੇਟ ਮਮਤਾ ਸਮਖਾੜੀਆ ਤੇ ਵਿਨੋਦ ਮਹਾਜਨ ਅਤੇ ਪੀਐਲਵੀ ਵਿਨੋਦ ਕੁਮਾਰ, ਰੇਖਾ ਦੇਵੀ, ਕੁਲਵਿੰਦਰ ਕੋਰ, ਸੰਨੀ, ਜਗੀਰ ਸਿੰਘ ਤੇ ਪੀਐਲਵੀ ਬਲਵਾਨ ਸਿੰਘ ਦੀ ਟੀਮ ਵੱਲੋਂ ਜ਼ਰੂਰਤਮੰਦਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਗਈ। ਬੁਲਾਰੇ ਨੇ ਦੱਸਿਆ ਕਿ ਜਿਨ੍ਹਾਂ ਲੋਕਾਂ ਦੀ ਆਮਦਨ ਸਾਲਾਨਾ 3 ਲੱਖ ਰੁਪਏ ਤੋਂ ਘੱਟ ਏ, ਜਿਹੜੇ **ਅਨੁਸੂਚਿਤ** ਜਾਤੀ ਅਤੇ **ਅਨੁਸੂਚਿਤ** ਜਨ ਜਾਤੀ ਨਾਲ ਸਬੰਧਤ ਲੋਕ ਨੇ, ਮਹਿਲਾਵਾਂ, ਮਜ਼ਦੂਰ, ਬੱਚੇ, ਦਿਵਿਆਂਗ, ਜੇਲ੍ਹਾਂ ਵਿੱਚ ਬੰਦ ਲੋਕਾਂ ਨੂੰ ਜ਼ਿਲ੍ਹਾ ਕਾਨੂੰਨੀ

ਸੇਵਾਵਾਂ ਅਥਾਰਟੀ ਵੱਲੋਂ ਮੁਫਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਏ। ਉਹਨਾਂ ਨੂੰ ਮੁਫਤ ਵਿੱਚ ਵਕੀਲ ਤੇ ਸਾਰਾ ਖਰਚਾ ਅਥਾਰਟੀ ਵੱਲੋਂ ਕੀਤਾ ਜਾਂਦਾ ਏ। ਉਨ੍ਹਾਂ ਦੱਸਿਆ ਕਿ ਸਮੇਂ-ਸਮੇਂ ਤੇ ਲੋਕ ਅਦਾਲਤਾਂ ਦਾ ਅਯੋਜਨ ਕੀਤਾ ਜਾਂਦਾ ਏ ਜਿਸ ਵਿੱਚ ਲੋਕ ਆਪਣਾ ਕੇਸ ਲਵਾ ਕੇ ਸਸਤਾ ਅਤੇ ਸਰਲ ਨਿਆਂ ਪ੍ਰਾਪਤ ਕਰ ਸਕਦੇ ਨੇ।

ਕਰਾਊਡ ਆਊਟ-.-.-.-.-.

ਕਰਾਊਡ ਆਊਟ-.-.-.-.-.

DC Dr Sona Thind-1

ਫਤਿਹਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਵਲੋਂ ਤਕਨੀਕੀ ਮਾਹਿਰਾਂ ਸਮੇਤ ਜ਼ਿਲ੍ਹੇ ਦੀਆਂ ਵੱਖ-ਵੱਖ ਪੇਂਡੂ ਲਿੰਕ ਸੜਕਾਂ 'ਤੇ ਚੱਲ ਰਹੇ ਸਪੈਸ਼ਲ ਰਿਪੇਅਰ ਦੇ ਕਾਰਜਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਫਤਹਿਗੜ੍ਹ ਸਾਹਿਬ, ਮੰਡੀ ਗੋਬਿੰਦਗੜ੍ਹ, ਅਮਲੋਹ ਆਦਿ ਦੀਆਂ ਵੱਖ-ਵੱਖ ਪੇਂਡੂ ਲਿੰਕ ਸੜਕਾਂ ਦੇ ਨਿਰੀਖਣ ਦੌਰਾਨ, ਡੀਸੀ ਨੇ ਵਰਤੀ ਜਾ ਰਹੀ ਨਿਰਮਾਣ ਸਮੱਗਰੀ ਦੀ ਗੁਣਵੱਤਾ ਦਾ ਬਾਰੀਕੀ ਨਾਲ ਜਾਇਜ਼ਾ ਲਿਆ। ਇਸ ਮੌਕੇ ਡਾ. ਸੋਨਾ ਥਿੰਦ ਨੇ ਸਰਕਾਰੀ ਕਾਰਜਕਾਰੀ ਏਜੰਸੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਦੇ ਮਾਮਲੇ ਵਿੱਚ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਸੜਕਾਂ ਦੇ ਨਿਰਮਾਣ ਵਿੱਚ ਮਿਆਰੀ ਸਮੱਗਰੀ ਦੀ ਵਰਤੋਂ ਕਰਨਾ ਲਾਜ਼ਮੀ ਏ ਤਾਂ ਜੋ ਇਹ ਸੜਕਾਂ ਲੰਬੇ ਸਮੇਂ ਤੱਕ ਚੱਲ ਸਕਣ ਅਤੇ ਲੋਕਾਂ ਨੂੰ ਨਿਰੰਤਰ ਵਧੀਆ ਸਹੂਲਤ

ਮਿਲ ਸਕੇ। ਉਹਨਾਂ ਨੇ ਦੱਸਿਆ ਕਿ ਜਾਂਚ ਪੜਤਾਲ ਦੌਰਾਨ ਕੰਮਾਂ ਦੀ ਕੁਆਲਿਟੀ ਠੀਕ ਪਾਈ ਗਈ ਏ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੇ ਅਚਨਚੇਤ ਨਿਰੀਖਣ ਜਾਰੀ ਰਹਿਣਗੇ ਤਾਂ ਜੋ ਕੰਮ ਦੀ ਗੁਣਵੱਤਾ ਅਤੇ ਸਮੇਂ ਸਿਰ ਮੁਕੰਮਲ ਕਰਵਾਉਣ ਦੀ ਪ੍ਰਕਿਰਿਆ 'ਤੇ ਨਜ਼ਰ ਰੱਖੀ ਜਾ ਸਕੇ।

Jagdev-FGHS